**ਚੋਣਕਾਰ ਰਜਿਸਟਰੇਸ਼ਨ ਅਫਸਰ, 092-ਬਠਿੰਡਾ (ਸ਼ਹਿਰੀ)**
**-ਕਮ- ਉਪ ਮੰਡਲ ਮੈਜਿਸਟਰੇਟ, ਬਠਿੰਡਾ**

(Room No. 316, 2nd Floor, Mini Secretariat, Bathinda) E-Mail ID :- ero-92@punjab.gov.in

ਪੱਤਰ ਨੰ.228-229/ਚੋਣਾਂ 2026 ਮਿਤੀ 06/02/2026

2-2626184
6/2 ਜੀ-1

ਵੱਲ

01. ਸਮੂਹ ਸੈਕਟਰ ਅਫਸਰ,
092 ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ।

02. ਸਮੂਹ ਬੀ.ਐਲ.ਓਜ਼,
092 ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ।

ਵਿਸ਼ਾ :- Mapping of Electors and verification of the Blurred, non-dimensional and non-human photos of the electors from the electoral roll and removal of illogical errors/Gibberish entries-reg.

ਹਵਾਲਾ:- ਦਫਤਰ ਜ਼ਿਲ੍ਹਾ ਚੋਣ ਅਫਸਰ, ਬਠਿੰਡਾ ਜੀ ਦੇ ਪੱ:ਨੰ:257-262 ਮਿਤੀ:05-02-2026 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਹਵਾਲਾ ਅਧੀਨ ਪੱਤਰ ਰਾਹੀਂ ਪ੍ਰਾਪਤ ਹਦਾਇਤਾਂ ਅਨੁਸਾਰ ਆਪ ਨੂੰ ਲਿਖਿਆ ਜਾਂਦਾ ਹੈ ਕਿ:-

01. ਹਰੇਕ ਬੀ.ਐਲ.ਓ ਵਲੋਂ Blurred, non-dimensional and non-human photos of the electors from the electoral roll and removal of illogical errors/Gibberish entries ਅਤੇ black and white photo replacement with colour photo, table top exercise ਕਰਕੇ ਵੋਟਰ ਪਾਸੋਂ ਫਾਰਮ ਨੰ:8 ਭਰਵਾ ਕੇ ਵੋਟਰ ਸੂਚੀ ਨੂੰ ਦਰੁਸਤ ਕੀਤਾ ਜਾਣਾ ਹੈ। ਇਸ ਸਬੰਧੀ ਆਪ ਸਭ ਨੂੰ ਰੰਗੀਨ ਵੋਟਰ ਸੂਚੀ ਪਹਿਲਾਂ ਹੀ ਮੁਹੱਈਆ ਕਰਵਾ ਦਿੱਤੀ ਗਈ ਹੈ। ਬੂਥ ਵਾਈਜ਼ ਜੋ ਫਾਰਮ ਅਜੇ ਭਰੇ ਜਾਣੇ ਹਨ, ਉਸਦਾ ਡਾਟਾ ਸਾਰੇ ਸੈਕਟਰ ਅਫਸਰਾਂ ਨੂੰ ਮੁਹੱਈਆ ਕਰਵਾ ਦਿੱਤਾ ਗਿਆ ਹੈ।
02. ਜ਼ਿਨ੍ਹਾਂ ਪੋਲਿੰਗ ਸਟੇਸ਼ਨਾਂ ਦੀ ਮੈਪਿੰਗ 50% ਤੋਂ ਘੱਟ ਹੈ, ਉਨ੍ਹਾਂ ਪੋਲਿੰਗ ਸਟੇਸ਼ਨਾਂ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਮੈਪਿੰਗ ਪ੍ਰਤੀਸ਼ਤਤਾ ਨੂੰ ਵਧਾਇਆ ਜਾ ਸਕੇ।
03. ਆਪ ਅਧੀਨ ਆਉਂਦੇ ਬੀ.ਐਲ.ਓਜ਼ ਜ਼ਿਨ੍ਹਾਂ ਵਲੋਂ ਵਧੇਰੇ ਮੈਪਿੰਗ ਕੀਤੀ ਗਈ ਹੈ, ਵਲੋਂ ਘੱਟ ਮੈਪਿੰਗ ਕਰਨ ਵਾਲੇ ਬੀ.ਐਲ.ਓਜ਼ ਦੀ ਆਪਸੀ ਮੀਟਿੰਗ/ਟਰੇਨਿੰਗ ਕਰਵਾਈ ਜਾਵੇ।
04. ਲੋਕਲ ਪੱਧਰ ਤੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਤਾਲਮੇਲ ਕਰਕੇ ਬੂਥ ਵਾਈਜ਼ ਬੀ.ਐਲ.ਏ. ਨਿਯੁਕਤ ਕਰਵਾ ਲਏ ਜਾਣ ਤਾਂ ਜੋ SIR ਦੌਰਾਨ ਬੀ.ਐਲ.ਓਜ਼ ਵਲੋਂ ਉਨ੍ਹਾਂ ਨਾਲ ਤਾਲਮੇਲ ਕੀਤਾ ਜਾ ਸਕੇ।
05. ਸਮੂਹ ਸੈਕਟਰ ਅਫਸਰ ਅੱਜ ਮਿਤੀ:06-02-2026 ਨੂੰ ਕੀਤੀ ਗਈ ਮੀਟਿੰਗ ਵਿੱਚ ਦਿੱਤੀਆਂ ਹਦਾਇਤਾਂ ਅਨੁਸਾਰ ਆਪਣੇ ਅਧੀਨ ਆਉਂਦੇ ਬੀ.ਐਲ.ਓਜ਼ ਦੇ ਮੈਪਿੰਗ ਦੇ ਕੰਮ ਦੀ ਸੁਪਰਵਿਜ਼ਨ ਕਰਨਗੇ ਅਤੇ ਫਾਰਮਾਂ ਦਾ ਨਿਪਟਾਰਾ ਸਮੇਂ ਸਿਰ ਕਰਵਾਉਣਾ ਯਕੀਨੀ ਬਣਾਉਣਗੇ।

ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਰੇਕ ਹਫਤੇ ਦੇ ਮੰਗਲਵਾਰ ਅਤੇ ਬੁੱਧਵਾਰ ਆਪਣੇ ਆਪਣੇ ਬੂਥਾਂ ਦੇ ਏਰੀਏ ਵਿੱਚ ਜਾ ਕੇ ਉਕਤ ਅਨੁਸਾਰ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਸੈਕਟਰ ਅਫਸਰ ਉਕਤ ਦਿਨਾਂ ਵਿੱਚ ਫੀਲਡ ਵਿੱਚ ਜਾ ਕੇ ਬੀ.ਐਲ.ਓਜ਼. ਦਾ ਸਹਿਯੋਗ ਦੇਣਗੇ ਅਤੇ ਜੇਕਰ ਉਨ੍ਹਾਂ ਵਲੋਂ ਕੋਈ ਕਰਮਚਾਰੀ ਆਪਣੀ ਡਿਊਟੀ ਤੋਂ ਗੈਰ-ਹਾਜ਼ਰ ਪਾਇਆ ਜਾਂਦਾ ਹੈ ਤਾਂ ਉਸਦੇ ਖਿਲਾਫ ਲੋਕ ਪ੍ਰਤੀਨਿਧਤਾ ਐਕਟ 1950 ਦੀ ਧਾਰਾ 32 ਅਧੀਨ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਸ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
-ਕਮ-ਉਪ ਮੰਡਲ ਮੈਜਿਸਟਰੇਟ,
ਬਠਿੰਡਾ।

ਪਿੱਠ ਅੰਕਣ ਨੰ:230-231 ਮਿਤੀ:06/02/2026

ਇਸ ਦਾ ਇੱਕ ਉਤਾਰਾ:

1. ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਜੀ ਪਾਸ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਸੂਚਨਾਂ ਹਿਤ,
3. ਸਮੂਹ ਵਿਭਾਗਾਂ ਦੇ ਮੁਖੀਆਂ ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ 092 ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ ਵਿਖੇ ਸੈਕਟਰ ਅਫਸਰ ਅਤੇ ਬੀ.ਐਲ.ਓ. ਦੀ ਡਿਊਟੀ ਨਿਭਾ ਰਹੇ ਕਰਮਚਾਰੀਆਂ ਨੂੰ ਫਰਵਰੀ ਮਹੀਨੇ ਦੇ ਅੰਤ ਤੱਕ ਹਰੇਕ ਹਫਤੇ ਦੇ ਮੰਗਲਵਾਰ ਅਤੇ ਬੁੱਧਵਾਰ ਵਿਭਾਗੀ ਡਿਊਟੀ ਤੋਂ ਫਾਰਗ ਕੀਤਾ ਜਾਵੇ ਅਤੇ ਚੋਣ ਸਬੰਧੀ ਡਿਊਟੀ ਲਈ ਪਾਬੰਦ ਕੀਤਾ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ ਜੀ-1/1 ( )2026/ 7024 ਮਿਤੀ: 06/02/26

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ,ਲਿਖਕੇ ਭੇਜਿਆ ਜਾਂਦਾ ਹੈ ਕਿ ਉਕਤ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ